# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :04-12-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਅੰਨਪੂਰਨਾ ਦੇਵੀ ਨੇ ਅੱਜ ਨਵੀਂ ਦਿੱਲੀ ਵਿੱਚ, ਬਾਲ ਵਿਆਹ ਮੁਕਤ ਭਾਰਤ ਲਈ, 100-ਦਿਨਾਂ ਦੀ ਗਹਿਨ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ।
- ਦੇਸ਼ ਵਿਚ ਸਾਈਬਰ ਅਪਰਾਧ ਦੇ ਮਾਮਲਿਆਂ 'ਚ ਲਗਾਤਾਰ ਵਾਧਾ. ਹਾਲਾਂਕਿ ਪੰਜਾਬ ਵਿਚ ਇਹਨਾਂ ਮਾਮਲਿਆਂ 'ਚ 2023 'ਚ ਗਿਰਾਵਟ ਆਈ ਏ |
- ਜਾਪਾਨੀ ਸਟੀਲ ਕੰਪਨੀ ਆਇਚੀ ਸਟੀਲ ਅਤੇ ਪੰਜਾਬ ਦੀ ਵਰਧਮਾਨ ਸਪੈਸ਼ਲ ਸਟੀਲਜ਼ ਦਰਮਿਆਨ ਸਹਿਯੋਗ

ਵਧਾਉਣ ਲਈ 500 ਕਰੋੜ ਰੁਪਏ ਦੇ ਨਿਵੇਸ਼ ਸੰਬੰਧੀ ਸਮਝੌਤੇ ‘ਤੇ ਦਸਤਖਤ |

- ਵਿਦਿਅਕ ਸਰਟੀਫਿਕੇਟਸ ਦੀ ਵੈਰੀਫਿਕੇਸ਼ਨ/ਐਚ.ਆਰ.ਡੀ ਨੂੰ ਆਨਲਾਈਨ ਕਰਨ ਲਈ ਈ ਸੰਨਦ ਪੋਰਟਲ ਕੀਤਾ ਗਿਆ ਲਾਂਚ |

- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਸੀਤ ਲਹਿਰ ਦੀ ਪੇਸ਼ੀਨਗੋਈ ਕੀਤੀ ਏ।

***ਹੁਣ ਖਬਰਾਂ ਵਿਸਥਾਰ ਨਾਲ***

ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਅੰਨਪੂਰਨਾ ਦੇਵੀ ਨੇ ਅੱਜ ਨਵੀਂ ਦਿੱਲੀ ਵਿੱਚ, ਬਾਲ ਵਿਆਹ ਮੁਕਤ ਭਾਰਤ ਲਈ, 100-ਦਿਨਾਂ ਦੀ ਗਹਿਨ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਮੌਕੇ ਮਹਿਲਾ ਅਤੇ ਬਾਲ ਵਿਕਾਸ ਰਾਜ ਮੰਤਰੀ ਸਾਵਿਤਰੀ ਠਾਕੁਰ ਵੀ ਮੌਜੂਦ ਸਨ। ਬਾਲ ਵਿਆਹ ਨੂੰ ਖਤਮ ਕਰਨ ਲਈ ਦੇਸ਼ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ, ਕੇਂਦਰੀ ਮੰਤਰੀ ਨੇ ਇਸ ਮੌਕੇ ਇੱਕ ਰਾਸ਼ਟਰੀ ਸਹੁੰ ਚੁਕਾਈ।

100-ਦਿਨਾਂ ਦੀ ਮੁਹਿੰਮ ਦੇ ਹਿੱਸੇ ਵਜੋਂ, ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਅਤੇ ਪੰਚਾਇਤਾਂ ਵਿੱਚ ਜਾਗਰੂਕਤਾ ਗਤੀਵਿਧੀਆਂ ਕਰਾਈਆਂ ਜਾਣਗੀਆਂ। ਇਸ ਮੌਕੇ ਬੋਲਦਿਆਂ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਅੰਨਪੂਰਨਾ ਦੇਵੀ ਨੇ ਕਿਹਾ ਕਿ, ਸਰਕਾਰ ਨੇ 2030 ਤੱਕ ਭਾਰਤ ਨੂੰ ਬਾਲ ਵਿਆਹ ਮੁਕਤ ਬਣਾਉਣ ਦਾ ਟੀਚਾ ਰੱਖਿਆ ਏ। ਉਨ੍ਹਾਂ ਅੱਗੇ ਕਿਹਾ ਕਿ, ਸਮਾਜ, ਭਾਈਚਾਰਿਆਂ ਅਤੇ ਨਾਗਰਿਕਾਂ ਦੀ ਸਰਗਰਮ ਸ਼ਮੂਲੀਅਤ ਨਾਲ ਦੇਸ਼, ਬਾਲ ਵਿਆਹ ਮੁਕਤ ਭਾਰਤ ਬਣਨ ਵੱਲ ਲਗਾਤਾਰ ਅੱਗੇ ਵੱਧ ਰਿਹਾ ਏ-

byte

---------------------------------------------------------------

ਦੇਸ਼ ਦੇ ਭੋਲੇ-ਭਾਲੇ ਲੋਕਾਂ ਨੂੰ ਨਿਸ਼ਾਨਾ ਬਣਾਉਣ ਲਈ, ਮੋਬਾਈਲ ਫੋਨ ਜਾਂ ਕੰਪਿਊਟਰ ਵਰਗੇ ਸੰਚਾਰ ਯੰਤਰਾਂ ਦੀ ਵਰਤੋਂ ਰਾਹੀਂ ਕੀਤੇ ਜਾ ਰਹੇ ਸਾਈਬਰ ਅਪਰਾਧ ਦੇ ਮਾਮਲੇ ਲਗਾਤਾਰ ਵੱਧ ਰਹੇ ਨੇ। ਰਾਸ਼ਟਰੀ ਕ੍ਰਾਈਮ ਰਿਕਾਰਡ ਬਿਊਰੋ (NCRB) ਦੀ ਸਾਲ 2023 ਦੀ ਤਾਜ਼ਾ ਰਿਪੋਰਟ 'ਭਾਰਤ ਵਿੱਚ ਅਪਰਾਧ' ਦੇ ਅੰਕੜਿਆਂ ਅਨੁਸਾਰ, ਸਾਲ 2021 ਦੇ ਮੁਕਾਬਲੇ, ਸਾਲ 2023 ਵਿੱਚ, ਦੇਸ਼ ਵਿੱਚ 33 ਹਜ਼ਾਰ ਤੋਂ ਵੱਧ ਮਾਮਲਿਆਂ ਦਾ ਵਾਧਾ ਹੋਇਆ ਏ. 2021 ਵਿੱਚ, ਭਾਰਤ ਵਿੱਚ

ਦਰਜ ਕੀਤੇ ਗਏ ਕੁੱਲ ਸਾਈਬਰ ਅਪਰਾਧ ਦੇ ਮਾਮਲੇ 52 ਹਜ਼ਾਰ ਤੋਂ ਵੱਧ ਸਨ, ਜੋ 2023 ਵਿੱਚ ਵੱਧ ਕੇ, 86 ਹਜ਼ਾਰ ਤੋਂ ਵੱਧ ਹੋ ਗਏ ਨੇ। ਇਹ ਜਾਣਕਾਰੀ ਗ੍ਰਹਿ ਰਾਜ ਮੰਤਰੀ Bandi Sanjay Kumar ਨੇ ਕੱਲ੍ਹ ਰਾਜ ਸਭਾ ਵਿੱਚ, ਇੱਕ ਲਿਖਤੀ ਜਵਾਬ ਵਿੱਚ ਦਿੱਤੀ। ਹੋਰ ਵੇਰਵੇ ਨਾਲ ਇੱਕ ਰਿਪੋਰਟ :

V/C

ਉੱਤਰੀ ਖੇਤਰ ਦੇ ਰਾਜਾਂ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿੱਚੋਂ, ਹਰਿਆਣਾ ਸਾਲ 2023 ਵਿਚ ਸਾਈਬਰ ਕ੍ਰਾਈਮ ਦੇ 751 ਮਾਮਲਿਆਂ ਨਾਲ ਸਭ ਤੋਂ ਅੱਗੇ ਹੈ ਅਤੇ ਹਿਮਾਚਲ ਪ੍ਰਦੇਸ਼ 127 ਮਾਮਲਿਆਂ ਨਾਲ ਦੂਜੇ ਸਥਾਨ 'ਤੇ ਹੈ। ਇਸ ਪਹਾੜੀ ਸੂਬੇ ਵਿਚ ਸਾਈਬਰ-ਅਪਰਾਧ ਦੇ ਸਾਲ 2022 ਦੇ ਸਿਰਫ਼ 77 ਮਾਮਲਿਆਂ ਦੇ ਮੁਕਾਬਲੇ ਇਹ ਵਾਧਾ ਬਹੁਤ ਜ਼ਯਾਦਾ ਏ । ਹਾਲਾਂਕਿ, ਪੰਜਾਬ ਵਿੱਚ ਸਾਈਬਰ-ਅਪਰਾਧ ਦੇ 2022 ਵਿਚ ਦਰਜ ਹੋਏ ਮਾਮਲਿਆਂ ਦੇ ਮੁਕਾਬਲੇ ਸਾਲ 2023 ਵਿਚ 186 ਘੱਟ ਦਰਜ ਹੋਏ ਨੀ । ਸਾਲ 2022 ਵਿੱਚ 697 ਮਾਮਲੇ ਸਨ ਜਦਕਿ 2023 ਵਿਚ 511 ਦਰਜ ਹੋਏ । ਛੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚੋਂ, ਦਿੱਲੀ 407 ਮਾਮਲਿਆਂ ਨਾਲ ਸਭ ਤੋਂ ਅੱਗੇ ਹੈ, ਜਦਕਿ ਜੰਮੂ ਅਤੇ ਕਸ਼ਮੀਰ ਵਿੱਚ 185 ਅਤੇ ਚੰਡੀਗੜ੍ਹ ਵਿੱਚ cyber crime dey 23 ਮਾਮਲੇ ਦਰਜ ਹੋਏ ਹਨ। ਗ੍ਰਹਿ ਮੰਤਰਾਲੇ ਨੇ ਨਿਰਭਯਾ ਫੰਡਿਡ ਯੋਜਨਾ ਦੇ ਤਹਿਤ DNA ਵਿਸ਼ਲੇਸ਼ਣ ਅਤੇ ਸਾਈਬਰ ਫੋਰੈਂਸਿਕ ਸਮਰੱਥਾਵਾਂ ਨੂੰ ਮਜ਼ਬੂਤ ਕਰਨ ਲਈ 20 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਸਹਾਇਤਾ ਪ੍ਰਦਾਨ ਕੀਤੀ ਹੈ। ਇਸ ਯੋਜਨਾ ਦੇ ਤਹਿਤ ਉਤਰੀ ਖੇਤਰ ਵਿਚ ਪੰਜਾਬ ਨੂੰ 7.98 ਕਰੋੜ ਰੁਪਏ ਪ੍ਰਾਪਤ ਹੋਏ ਹਨ ਜਦਕਿ ਹਿਮਾਚਲ ਪ੍ਰਦੇਸ਼ ਨੂੰ 7.29 ਕਰੋੜ ਰੁਪਏ ਦਿਤੇ ਗਏ ਨੇ |

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ‘ਚ ਇੱਕ ਵਿਸ਼ੇਸ਼ ਵਫਦ ਦੇ ਜਾਪਾਨ ਦੌਰੇ ਦੇ ਤੀਜੇ ਦਿਨ, ਅੱਜ ਜਾਪਾਨੀ ਸਟੀਲ ਕੰਪਨੀ ਆਇਚੀ ਸਟੀਲ ਨੇ ਸੂਬੇ ਵਿੱਚ ਵਰਧਮਾਨ ਸਪੈਸ਼ਲ ਸਟੀਲਜ਼ ਨਾਲ ਆਪਣੇ ਸਹਿਯੋਗ ਨੂੰ ਵਧਾਉਣ ਲਈ 500 ਕਰੋੜ ਰੁਪਏ ਦੇ ਨਿਵੇਸ਼ ਲਈ ਸਹਿਮਤੀ ਪ੍ਰਗਟਾਈ ਏ. ਆਇਚੀ ਸਟੀਲ ਅਤੇ ਵਰਧਮਾਨ ਸਪੈਸ਼ਲ ਸਟੀਲਜ਼ ਦਰਮਿਆਨ, ਮੁੱਖ ਮੰਤਰੀ ਦੀ ਮੌਜੂਦਗੀ ਵਿੱਚ ਇੱਕ ਸਮਝੌਤੇ ‘ਤੇ ਦਸਤਖਤ ਕੀਤੇ ਗਏ. ਮੁੱਖ ਮੰਤਰੀ ਨੇ ਕਿਹਾ ਕਿ ਇਹ ਸੂਬੇ ਲਈ ਇੱਕ ਸੁਨਹਿਰੀ ਦਿਨ ਏ ਕਿਉਂਕਿ ਆਇਚੀ ਸਟੀਲ ਕਾਰਪੋਰੇਸ਼ਨ, ਜਿਸਨੂੰ ਟੋਇਟਾ ਦੀ ਸਟੀਲ ਸ਼ਾਖਾ ਵਜੋਂ ਜਾਣਿਆ ਜਾਂਦਾ ਏ, ਨੇ ਸੂਬੇ ਵਿੱਚ ਸਨਅਤੀ ਵਿਕਾਸ ਨੂੰ ਹੁਲਾਰਾ ਦੇਣ ਲਈ ਇਸ ਸਮਝੌਤਾ 'ਤੇ ਦਸਤਖ਼ਤ ਕੀਤੇ ਨੇ. ਉਨ੍ਹਾਂ ਕਿਹਾ ਕਿ ਆਇਚੀ ਸਟੀਲ, ਜਿਸਦੀ ਪਹਿਲਾਂ ਹੀ ਵਰਧਮਾਨ ਵਿੱਚ ਲਗਭਗ 24.9% ਹਿੱਸੇਦਾਰੀ ਏ, ਇੱਕ ਮੁੱਖ ਤਕਨਾਲੋਜੀ ਭਾਈਵਾਲ ਏ, ਜੋ ਕਿ ਪੰਜਾਬ ਦੇ ਸਨਅਤੀ ਮਾਹੌਲ ਵਿੱਚ ਇੱਕ ਮਜ਼ਬੂਤ ਅਤੇ ਵਿਕਸਤ ਹੋ ਰਹੀ ਭਾਰਤ-ਜਾਪਾਨ ਭਾਈਵਾਲੀ ਦਾ ਪ੍ਰਤੀਕ ਏ । ਸ਼੍ਰੀ ਮਾਨ ਨੇ ਕਿਹਾ ਕਿ ਇਹ ਜਾਪਾਨੀ ਸਟੀਲ ਕੰਪਨੀ, ਪੰਜਾਬ ਵਿੱਚ ਭਵਿੱਖ ਵਿੱਚ ਫੈਕਟਰੀ ਸੰਚਾਲਨ ਦਾ ਅਧਿਐਨ ਕਰੇਗੀ, ਜਿਸ ਵਿੱਚ ਲਗਭਗ ₹500 ਕਰੋੜ ਦੇ ਨਿਵੇਸ਼ ਲਈ ਸੰਭਾਵਨਾ ਦਾ

ਮੁਲੰਕਣ ਕਰਨਾ ਸ਼ਾਮਿਲ ਏ. ਇਸ ਦੌਰਾਨ, ਮੁੱਖ ਮੰਤਰੀ ਨੇ ਰਾਜ ਵਿੱਚ ਵਰਧਮਾਨ ਸਪੈਸ਼ਲ ਸਟੀਲਜ਼ ਨਾਲ ਆਇਚੀ ਸਟੀਲ ਦੇ ਸਹਿਯੋਗ ਨੂੰ ਮਜ਼ਬੂਤ ਅਤੇ ਇਸਦਾ ਪਸਾਰ ਕਰਨ ਲਈ ਪੂਰੀ ਹਮਾਇਤ ਅਤੇ ਸਹਿਯੋਗ ਦਾ ਭਰੋਸਾ ਦਿੱਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਮੌਜੂਦਾ ਜਾਪਾਨੀ ਕੰਪਨੀਆਂ ਨੂੰ ਰਾਜ ਵਿੱਚ ਉਨ੍ਹਾਂ ਦੇ ਕਾਰੋਬਾਰ ਅਤੇ ਕਾਰਜਾਂ ਨੂੰ ਵਧਾਉਣ ਵਿੱਚ ਮਦਦ ਕਰਨ ਨੂੰ ਉੱਚ ਤਰਜੀਹ ਦਿੰਦਾ ਏ । ਸ੍ਰੀ ਮਾਨ ਨੇ ਕਿਹਾ ਕਿ ਆਇਚੀ ਸਮੂਹ ਤੋਂ ਤਕਨੀਕੀ ਸਹਿਯੋਗ ਦੇ ਨਾਲ ਵਰਧਮਾਨ ਸਮੂਹ ਦੀ ਮੁਹਾਰਤ ਸੂਬੇ ਵਿੱਚ ਸਨਅਤੀ ਕ੍ਰਾਂਤੀ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਕਰੇਗੀ।ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਨੇ ਆਪਣੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਹੈ, ਆਪਣੀ ਉਦਯੋਗਿਕ ਸਮਰੱਥਾ ਦਾ ਵਿਸਥਾਰ ਕੀਤਾ ਹੈ ਅਤੇ ਨਿਵੇਸ਼ਕਾਂ ਲਈ ਨਵੇਂ ਰਸਤੇ ਖੋਲ੍ਹੇ ਨੇ.

---------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮੁਹਾਲੀ ਸਥਿਤ ਰਿਆਤ ਬਾਹਰਾ ਯੂਨੀਵਰਸਿਟੀ ਦੇ ਡਿਗਰੀ ਵੰਡ ਸਮਾਰੋਹ 'ਚ, ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਅਤੇ ਅਵਲ ਆਏ ਵਿਦਿਆਰਥੀਆਂ ਨੂੰ ਤਮਗੇ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ, ਬੀਜੇਪੀ ਦੇ ਸੀਨੀਅਰ ਕੌਮੀ ਨੇਤਾ ਤੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਵੀ

ਮੌਜੂਦ ਸਨ। ਯੂਨੀਵਰਸਿਟੀ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਰਾਜਪਾਲ ਦਾ ਸਵਾਗਤ ਕੀਤਾ ਅਤੇ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਬਾਰੇ ਜਾਣੂ ਕਰਵਾਇਆ। ਆਪਣੇ ਸੰਬੋਧਨ ਵਿੱਚ, ਰਾਜਪਾਲ ਨੇ ਕਿਹਾ ਕਿ ਡਿਗਰੀ ਹਾਸਲ ਕਰਨਾ, ਹਰ ਵਿਦਿਆਰਥੀ ਲਈ ਸੁਨਹਿਰੀ ਪਲ ਹੁੰਦਾ ਏ। ਵਿਦਿਆਰਥੀਆਂ ਦੇ ਨਾਲ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਲਈ ਵੀ ਇਹ ਮਾਣ ਵਾਲੀ ਗੱਲ ਏ। ਉਹਨਾਂ ਕਿਹਾ ਕਿ ਅੱਜ ਦੇ ਭਾਰਤ ਦਾ ਆਧਾਰ, ਪੁਰਾਤਨ ਸਮੇਂ ਤੋਂ ਗੁਰੂ ਪਰੰਪਰਾ ਸਦਕਾ, ਇੱਕ ਵਧੀਆ ਵਿਦਿਆਰਥੀ ਦਾ ਨਿਰਮਾਣ ਕਰਕੇ ਹੀ ਸੰਭਵ ਹੋ ਸਕਿਆ ਏ। ਉਹਨਾਂ ਕਿਹਾ ਕਿ ਪੰਜਾਬ ਦੀ ਧਰਤੀ 'ਤੇ ਸਾਡੇ ਸਤਿਕਾਰਯੋਗ ਗੁਰੂਆਂ ਦੀ ਸਿੱਖਿਆਵਾਂ ਸਦਕਾ, ਅੱਜ ਦੇ ਪੰਜਾਬ ਦੀ ਤਸਵੀਰ ਸੰਭਵ ਹੋ ਸਕੀ ਏ-

byte

ਉਹਨਾਂ ਵਿਦਿਆਰਥੀਆਂ ਨੂੰ ਰਾਸ਼ਟਰ ਨਿਰਮਾਣ 'ਚ ਯੋਗਦਾਨ ਪਾਉਣ ਲਈ ਵੀ ਪ੍ਰੇਰਿਤ ਕੀਤਾ।

---------------------------------------------------------

ਸਰਕਾਰ ਵੱਲੋਂ ਵਿਦਿਆਰਥੀਆਂ ਦੇ ਹਿੱਤ ਨੂੰ ਧਿਆਨ ਵਿੱਚ ਰਖਦਿਆਂ, ਵਿਦਿਅਕ ਸਰਟੀਫਿਕੇਟ ਦੀ ਵੈਰੀਫਿਕੇਸ਼ਨ/ਐਚ.ਆਰ.ਡੀ ਨੂੰ

ਆਨਲਾਈਨ ਈ-ਸੰਨਦ ਪੋਰਟਲ ਰਾਹੀਂ ਜਾਰੀ ਕਰਨ ਦਾ ਉਪਰਾਲਾ ਕੀਤਾ ਗਿਆ ਏ। ਇਸ ਸਕੀਮ ਨੂੰ ਯੂਨੀਵਰਸਿਟੀਆਂ/ਇੰਸਟੀਚਿਊਟਸ ਤੇ ਬੋਰਡਾਂ ਰਾਹੀਂ ਤੁਰੰਤ ਲਾਗੂ ਕਰਨ ਦੇ ਆਦੇਸ਼ ਜਾਰੀ ਹੋਏ ਨੇ। ਈ ਸੰਨਦ ਪੋਰਟਲ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਅਤੇ ਯੂਜ਼ਰ ID ਅਤੇ ਪਾਸਵਰਡ ਪ੍ਰਦਾਨ ਕਰਨ ਅਤੇ ਸਿਖਲਾਈ ਦੇਣ ਲਈ ਨੈਸ਼ਨਲ ਇਨਫੋਰਮੈਟਿਕ ਸੈਂਟਰ ਅਤੇ ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ, ਪੰਜਾਬ ਦੀ ਟੀਮ ਨੇ ਬਾਬਾ ਫਰੀਦ ਯੂਨੀਵਰਸਿਟੀ ਦਾ ਦੌਰਾ ਕੀਤਾ। ਡਾ. ਕੀਰਤੀ ਮਹਾਜਨ, ਡਾਇਰੈਕਟਰ (ਆਈ ਟੀ), ਨੈਸ਼ਨਲ ਇਨਫੋਰਮੈਟਿਕ ਸੈਂਟਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਪੋਰਟਲ ਰਾਹੀਂ ਕੋਈ ਵੀ ਵਿਦਿਆਰਥੀ ਜੋ ਕਿ ਦੇਸ਼ਾਂ- ਵਿਦੇਸ਼ਾਂ ਵਿੱਚ ਰਹਿੰਦੇ ਨੇ, ਉਹ ਉਥੋਂ ਹੀ ਇਸ ਪੋਰਟਲ ਤੇ ਆਪਣੇ ਵਿੱਦਿਅਕ/ਵਿਅਕਤੀਗਤ ਸਰਟੀਫਿਕੇਟ ਅਪਲਾਈ ਕਰ ਸਕਦੇ ਨੇ. ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਹਿਲਾਂ ਇਸ ਕੰਮ ਨੂੰ ਕਰਨ ਲਈ ਲਗਭਗ 5 ਤੋਂ 6 ਮਹੀਨੇ ਦਾ ਸਮਾਂ ਲੱਗ ਜਾਂਦਾ ਸੀ ਪਰ ਇਸ ਪੋਰਟਲ ਦੇ ਲਾਂਚ ਹੋਣ ਨਾਲ ਹੁਣ ਇਹ ਕੰਮ ਕੁਝ ਦਿਨਾਂ ਵਿੱਚ ਹੀ ਕੀਤਾ ਜਾ ਸਕਦਾ ਏ।

---

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਸੀਤ ਲਹਿਰ ਦੀ ਪੇਸ਼ੀਨਗੋਈ ਕੀਤੀ ਏ। ਅਗਲੇ 2 ਤੋਂ 3 ਦਿਨਾਂ ਵਿੱਚ, ਦੇਸ਼ ਦੇ ਮੱਧ, ਉੱਤਰ-ਪੂਰਬੀ ਅਤੇ ਪੂਰਬੀ ਹਿੱਸਿਆਂ ਵਿੱਚ, ਘੱਟੋ-ਘੱਟ ਤਾਪਮਾਨ ਵਿੱਚ, 2 ਤੋਂ 3 ਡਿਗਰੀ ਸੈਲਸੀਅਸ ਤੱਕ ਦੀ ਗਿਰਾਵਟ ਆਉਣ ਦੀ ਉਮੀਦ ਏ। ਇਸ ਦੌਰਾਨ, ਦਿੱਲੀ-NCR ਵਿੱਚ ਹਵਾ ਦੀ ਗੁਣਵੱਤਾ ਲਗਾਤਾਰ ਬਹੁਤ ਖਰਾਬ ਸ਼੍ਰੇਣੀ ਵਿੱਚ ਬਣੀ ਹੋਈ ਏ।

---

- ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਅੰਨਪੂਰਨਾ ਦੇਵੀ ਨੇ ਅੱਜ ਨਵੀਂ ਦਿੱਲੀ ਵਿੱਚ, ਬਾਲ ਵਿਆਹ ਮੁਕਤ ਭਾਰਤ ਲਈ, 100-ਦਿਨਾਂ ਦੀ ਗਹਿਨ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ।
- ਦੇਸ਼ ਵਿਚ ਸਾਈਬਰ ਅਪਰਾਧ ਦੇ ਮਾਮਲਿਆਂ 'ਚ ਲਗਾਤਾਰ ਵਾਧਾ. ਹਾਲਾਂਕਿ ਪੰਜਾਬ ਵਿਚ ਇਹਨਾਂ ਮਾਮਲਿਆਂ 'ਚ 2023 'ਚ ਗਿਰਾਵਟ ਆਈ ਏ |
- ਜਾਪਾਨੀ ਸਟੀਲ ਕੰਪਨੀ ਆਇਚੀ ਸਟੀਲ ਅਤੇ ਪੰਜਾਬ ਦੀ ਵਰਧਮਾਨ ਸਪੈਸ਼ਲ ਸਟੀਲਜ਼ ਦਰਮਿਆਨ ਸਹਿਯੋਗ

ਵਧਾਉਣ ਲਈ 500 ਕਰੋੜ ਰੁਪਏ ਦੇ ਨਿਵੇਸ਼ ਸੰਬੰਧੀ ਸਮਝੌਤੇ 'ਤੇ ਦਸਤਖਤ |

- ਵਿਦਿਅਕ ਸਰਟੀਫਿਕੇਟਸ ਦੀ ਵੈਰੀਫਿਕੇਸ਼ਨ/ਐਚ.ਆਰ.ਡੀ ਨੂੰ ਆਨਲਾਈਨ ਕਰਨ ਲਈ ਈ ਸੰਨਦ ਪੋਰਟਲ ਕੀਤਾ ਗਿਆ ਲਾਂਚ |

- ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਦੇ ਕੁਝ ਹਿੱਸਿਆਂ ਵਿੱਚ ਸੀਤ ਲਹਿਰ ਦੀ ਪੇਸ਼ੀਨਗੋਈ ਕੀਤੀ ਏ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**